ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ

ਪ੍ਰੈਸ ਨੋਟ 1

ਸਿਵਲ ਹਸਪਤਾਲ ਦੇ ਬਲੱਡ ਬੈਂਕ ਲਈ ਦਸਮੇਸ਼ ਯੁਵਕ ਸੇਵਾਵਾਂ ਕਲੱਬ ਪੋਜੋ ਕੇ ਉਤਾੜ ਦੇ 5 ਨੌਜਵਾਨਾਂ ਨੇ ਕੀਤਾ ਖ਼ੂਨਦਾਨ

ਫਿਰੋਜ਼ਪੁਰ 23 ਅਪ੍ਰੈਲ 2020 ( ) ਡਿਪਟੀ ਕਮਿਸ਼ਨਰ ਸ੍ਰ: ਕੁਲਵੰਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਰੈੱਡ ਕਰਾਸ ਸ਼ਾਖਾ ਫਿਰੋਜ਼ਪੁਰ ਵੱਲੋਂ ਸਿਵਲ ਹਸਪਤਾਲ ਦੇ ਬਲੱਡ ਬੈਂਕ ਵਿਚ ਖ਼ੂਨ ਦੀ ਕਮੀ ਦੇ ਮੱਦੇਨਜ਼ਰ ਲੋਕਾਂ ਨੂੰ ਖ਼ੂਨਦਾਨ ਕਰਨ ਦੀ ਅਪੀਲ ਤੋਂ ਬਾਅਦ ਜਗਜੀਤ ਸਿੰਘ ਚਾਹਲ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਫਿਰੋਜ਼ਪੁਰ ਵੱਲੋਂ ਯੂਥ ਕਲੱਬਾਂ ਅਤੇ ਕੌਮੀ ਸੇਵਾ ਯੋਜਨਾ ਯੂਨਿਟਾਂ ਨੂੰ ਖ਼ੂਨਦਾਨ ਦੀ ਅਪੀਲ ਕੀਤੀ ਗਈ ਸੀ।

ਖ਼ੂਨਦਾਨ ਦੀ ਅਪੀਲ ਤੋਂ ਬਾਅਦ  ਕਰਫ਼ਿਊ ਦੇ ਨਿਯਮਾਂ ਦੀ ਪਾਲਨਾ ਕਰਦੇ ਹੋਏ ਦਸਮੇਸ਼ ਯੁਵਕ ਸੇਵਾਵਾਂ ਕਲੱਬ ਪੋਜੋ ਕੇ ਉਤਾੜ ਦੇ ਪ੍ਰਧਾਨ ਵਿਕਰਮਜੀਤ ਸਿੰਘ ਸਟੇਟ ਅਵਾਰਡੀ ਵੱਲੋਂ ਸਿਵਲ ਹਸਪਤਾਲ ਫਿਰੋਜ਼ਪੁਰ ਵਿਖੇ ਆਪਣੇ ਕਲੱਬ ਦੇ 5 ਮੈਂਬਰਾਂ ਸਮੇਤ 5 ਯੂਨਿਟ ਖ਼ੂਨਦਾਨ ਕੀਤਾ ਗਿਆ।  ਖ਼ੂਨਦਾਨ ਕਰਨ ਵਿਚ ਗਿੰਦਰਪਾਲ ਸਿੰਘ, ਬਲਜੀਤ ਸਿੰਘ, ਪਰਮਜੀਤ ਸਿੰਘ, ਕਿੱਕਰ ਸਿੰਘ, ਲਖਵਿੰਦਰ ਸਿੰਘ ਸ਼ਾਮਲ ਸਨ। ਜਗਜੀਤ ਸਿੰਘ ਚਾਹਲ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਨੇ ਇਸ ਕੰਮ ਲਈ ਦਸਮੇਸ਼ ਯੁਵਕ ਸੇਵਾਵਾਂ ਕਲੱਬ ਦਾ ਧੰਨਵਾਦ ਕੀਤਾ ਤੇ ਹੋਰਨਾਂ ਕਲੱਬਾਂ ਦੇ ਮੈਂਬਰਾਂ ਨੂੰ ਵੀ ਕਰਫ਼ਿਊ ਦੇ ਨਿਯਮਾਂ ਦੀ ਪਾਲਨਾ ਕਰਦੇ ਹੋਏ ਖ਼ੂਨਦਾਨ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਕੋਈ ਵੀ ਵਿਅਕਤੀ ਰੈੱਡਕਰਾਸ ਸ਼ਾਖਾ ਜਾਂ ਸਿਵਲ ਹਸਪਤਾਲ ਨਾਲ ਸੰਪਰਕ ਕਰ ਕੇ ਨਿਸ਼ਚਿਤ ਮਿਤੀ ਲੈ ਕੇ ਖ਼ੂਨਦਾਨ ਕਰ ਸਕਦਾ ਹੈ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ

ਪ੍ਰੈਸ ਨੋਟ 2

ਕੋਰੋਨਾ ਦੀ ਰੋਕਥਾਮ ਲਈ ਲੋਕ ਸਿਹਤ ਵਿਭਾਗ ਵੱਲੋਂ ਜਾਰੀ ਸਾਵਧਾਨੀਆਂ ਦੀ ਪਾਲਨਾ ਕਰਨ, ਹਰ ਵਿਅਕਤੀ ਨੂੰ ਮਾਸਕ ਪਹਿਨਣਾ ਜ਼ਰੂਰੀ--ਸਿਵਲ ਸਰਜਨ

ਫਿਰੋਜ਼ਪੁਰ 23 ਅਪ੍ਰੈਲ 2020 (    ) ਸਿਵਲ ਸਰਜਨ ਡਾ: ਨਵਦੀਪ ਸਿੰਘ ਨੇ ਦੱਸਿਆ ਕਿ ਨੋਵਲ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਪੰਜਾਬ ਸਰਕਾਰ ਵੱਲੋਂ ਜਨਤਕ ਥਾਵਾਂ ਤੇ ਲੋਕਾਂ ਨੂੰ ਮਾਸਕ ਪਹਿਨਣਾ ਲਾਜ਼ਮੀ ਕੀਤਾ ਗਿਆ ਹੈ ਪਰ ਫਿਰ ਵੀ ਦੇਖਣ ਵਿਚ ਆਉਂਦਾ ਹੈ ਕਿ ਕੁੱਝ ਲੋਕਾਂ ਵੱਲੋਂ ਇਸ ਨੂੰ ਧਿਆਨ ਵਿਚ ਨਾ ਰੱਖਦਿਆਂ ਬਿਨਾਂ ਮੂੰਹ ਤੇ ਮਾਸਕ ਪਾਏ ਹੀ ਇੱਧਰ-ਉੱਧਰ ਆਉਣਾ-ਜਾਣਾ ਜਾਰੀ ਹੈ। ਇਸ  ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ: ਨਵਦੀਪ ਸਿੰਘ ਨੇ ਦੱਸਿਆ ਕਿ ਸਿਹਤ ਮੰਤਰੀ ਸ:ਬਲਬੀਰ ਸਿੰਘ ਸਿੱਧੂ ਵੱਲੋਂ ਆਦੇਸ਼ ਜਾਰੀ ਕੀਤੇ ਗਏ ਸਨ ਕਿ ਕੋਵਿਡ 19 ਦੀ ਇਸ ਖ਼ਤਰਨਾਕ ਮਹਾਂਮਾਰੀ ਨੂੰ ਫੈਲਣ ਤੋਂ ਰੋਕਣ ਲਈ ਕੋਈ ਵੀ ਨਾਗਰਿਕ ਘਰ ਤੋਂ ਬਾਹਰ ਨਿਕਲਣ ਲੱਗਿਆਂ ਮਾਸਕ ਦੀ ਵਰਤੋਂ ਜ਼ਰੂਰ ਕਰੇ ਅਤੇ ਇਹਨਾਂ ਹੁਕਮਾਂ ਨੂੰ ਲਾਗੂ ਕਰਨ ਵਿੱਚ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ। ਇੰਨਾ ਹੁਕਮਾਂ ਦੀ ਪਾਲਨਾ ਕਰਵਾਉਣ ਲਈ ਪੁਲਿਸ ਨੂੰ ਵੀ ਨਿਰਦੇਸ਼ ਦਿੱਤੇ ਗਏ ਹਨ ਕਿ ਜਿਹੜੇ ਵਿਅਕਤੀ ਜਨਤਕ ਸਥਾਨਾਂ ਉੱਤੇ ਬਿਨਾ ਮਾਸਕ( ਚਾਹੇ ਘਰ ਬਣਿਆ ਹੋਵੇ ਜਾਂ ਕੋਈ ਹੋਰ)ਤੋਂ ਦੇਖਿਆ ਜਾਵੇ, ਉਸਦਾ ਮਹਾਂਮਾਰੀ ਕਾਨੂੰਨ ਦੀ ਧਾਰਾਵਾਂ ਅਨੁਸਾਰ ਚਲਾਨ ਕੱਟਿਆ ਜਾਵੇ। ਉਨ੍ਹਾਂ ਦੱਸਿਆ ਕਿ ਸਰਕਾਰ ਦੀਆਂ ਹਿਦਾਇਤਾਂ ਅਨੁਸਾਰ ਹਰ ਉਹ ਵਿਅਕਤੀ ਜੋ ਕਿਸੇ ਹਸਪਤਾਲ,ਦਫ਼ਤਰ ਉਦਯੋਗਿਕ ਸੰਸਥਾਨ ਜਾਂ ਕਿਤੇ ਵੀ ਹੋਰ ਕੰਮ ਕਰਦਾ ਹੈ ਮਾਸਕ ਪਹਿਨੇਗਾ। ਸਿਵਲ ਸਰਜਨ ਨੇ ਸਮੂਹ ਜ਼ਿਲ੍ਹਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਲੋਕ ਮਾਸਕ ਪਹਿਨਣ ਅਤੇ ਸਰਕਾਰ ਵੱਲੋ ਜਾਰੀ ਸਮੂਹ ਹਿਦਾਇਤਾਂ ਵਿਸ਼ੇਸ਼ ਕਰਕੇ ਸਮਾਜਿਕ ਦੂਰੀ ਨੂੰ ਅਮਲ ਵਿੱਚ ਜ਼ਰੂਰ ਲਿਆਉਣ, ਕਿਉਂਕਿ ਸਿਰਫ਼ ਖ਼ੁਦ ਦੀ ਸੁਰੱਖਿਆ ਲਈ ਹੀ ਨਹੀਂ ਬਲਕਿ ਆਪਣੇ ਪਰਿਵਾਰ ਅਤੇ ਆਲੇ-ਦੁਆਲੇ ਦੇ ਲੋਕਾਂ ਦੀ ਸੁਰੱਖਿਆ ਲਈ ਵੀ ਜ਼ਰੂਰੀ ਹੈ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ

ਪ੍ਰੈਸ ਨੋਟ 3

ਕਰੋਨਾ ਵਾਇਰਸ ਵਿਰੁੱਧ ਲੜਾਈ ਵਿੱਚ ਨਗਰ ਕੌਂਸਲ ਫਿਰੋਜ਼ਪੁਰ ਨਿਭਾ ਰਹੀ ਹੈ ਅਹਿਮ ਰੋਲ, ਰੋਜ਼ਾਨਾ ਸ਼ਹਿਰ ਦੀ ਸਾਫ਼ ਸਫ਼ਾਈ ਅਤੇ ਸ਼ਹਿਰ ਨੂੰ ਕੀਤਾ ਜਾ ਰਿਹਾ ਹੈ ਸੈਨੇਟਾਈਜ਼

ਸ਼ਹਿਰ ਦੀਆ ਮੇਨ ਸੜਕਾਂ ਤੇ ਘਰ ਰਹਿਣ, ਸੋਸ਼ਲ ਡਿਸਟੇਂਸ ਰੱਖਣ, ਮਾਸਕ ਦੀ ਵਰਤੋ ਕਰਨ ਆਦਿ ਸਬੰਧੀ ਇੱਕ ਵੱਖਰੇ ਰੂਪ ਦੀ ਪੇਂਟਿੰਗ ਕਰਵਾ ਕੇ ਲੋਕਾਂ ਨੂੰ ਕੀਤਾ ਜਾ ਰਿਹਾ ਜਾਗਰੂਕ

ਫਿਰੋਜ਼ਪੁਰ, 23 ਅਪ੍ਰੈਲ 2020 ( ) ਜਿੱਥੇ ਸਾਰਾ ਸੰਸਾਰ ਕਰੋਨਾ ਵਾਇਰਸ ਨਾਲ ਇੱਕ ਜੰਗ ਲੜ ਰਿਹਾ ਹੈ ਉੱਥੇ ਹੇਠਲੇ ਪੱਧਰ ਤੇ ਗਰਾਊਂਡ ਲੈਵਲ ਤੇ ਲੋਕਾਂ ਦੀ ਸਿਹਤ ਦੀ ਸੁਰੱਖਿਆ ਅਤੇ ਲੋਕਾਂ ਨੂੰ ਇਸ ਵਾਇਰਸ ਤੋ ਬਚਾਉਣ ਲਈ ਨਗਰ ਕੌਂਸਲ ਦੇ ਅਧਿਕਾਰੀ ਅਤੇ ਸਫ਼ਾਈ ਕਰਮਚਾਰੀ ਆਪਣੀ ਜਾਨ ਦੀ ਪ੍ਰਵਾਹ ਕੀਤੇ ਬਿਨਾ ਲਗਾਤਾਰ ਆਪਣੀ ਡਿਊਟੀ ਪੂਰੀ ਤਨਦੇਹੀ ਨਾਲ ਨਿਭਾ ਰਹੇ ਹਨ।

ਨਗਰ ਕੌਂਸਲ ਦੇ ਕਾਰਜਸਾਧਕ ਅਫਸਰ ਪਰਮਿੰਦਰ ਸਿੰਘ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਸ੍ਰ: ਕੁਲਵੰਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਨਗਰ ਕੌਂਸਲ ਦੇ ਕਰਮਚਾਰੀ ਰੋਜ਼ਾਨਾ ਸਵੇਰੇ 6:00 ਵਜੇ ਸ਼ਹਿਰ ਦੇ ਵੱਖ-ਵੱਖ ਸਥਾਨਾਂ ਨੂੰ ਸਾਫ਼ ਕਰਨਾ ਸ਼ੁਰੂ ਕਰਦੇ ਹਨ। ਆਮ ਦਿਨਾ ਵਾਂਗ ਹੀ ਸ਼ਹਿਰ ਦੀ ਸਫ਼ਾਈ ਨਿਰੰਤਰ ਚੱਲ ਰਹੀ ਹੈ। ਲੋਕਾਂ ਨੂੰ ਆਪਣੇ ਘਰ ਵਿਚ ਸਫ਼ਾਈ ਸਬੰਧੀ ਕਿਸੇ ਪ੍ਰਕਾਰ ਦੀ ਅਸੁਵਿਧਾ ਨਾ ਹੋਵੇ ਇਸ ਲਈ ਰੋਜ਼ਾਨਾ ਸ਼ਹਿਰ ਦੇ ਲਗਭਗ 24000 ਹਜ਼ਾਰ ਘਰਾਂ ਅੰਦਰੋਂ 35-40 ਟਨ ਕਚਰਾ ਨਿਰੰਤਰ ਉਠਾਇਆ ਜਾ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਸੈਨੇਟਰੀ ਇੰਸਪੈਕਟਰ ਸੁਖਪਾਲ ਸਿੰਘ ਅਤੇ ਗੁਰਇੰਦਰ ਸਿੰਘ ਦੀ ਅਗਵਾਈ ਹੇਠ ਨਗਰ ਕੌਂਸਲ ਵੱਲੋਂ ਰੋਜ਼ਾਨਾ ਸ਼ਹਿਰ ਦੇ ਵੱਖ ਵੱਖ ਹਿੱਸਿਆਂ ਵਿੱਚ ਕਰੋਨਾ ਵਾਇਰਸ ਦੇ ਬਚਾਅ ਲਈ ਡਿਸਇਨਫੈਕਟਿਡ ਸਪਰੇਅ ( ਸੈਨੀਟਾਇਜ਼ਰ ) ਕਰਵਾਇਆ ਜਾ ਰਿਹਾ ਹੈ।

ਨਗਰ ਕੌਂਸਲ,ਫਿਰੋਜ਼ਪੁਰ ਵੱਲੋਂ ਹੁਣ ਤੱਕ ਸ਼ਹਿਰ ਦੇ ਸਾਰੇ ਵਾਰਡਾਂ, ਕਮਰਸ਼ੀਅਲ ਏਰੀਆ ਅਤੇ ਪਬਲਿਕ ਸਥਾਨ ਜਿਵੇਂ ਕਿ ਪਾਰਕ, ਸਟੇਡੀਅਮ, ਬੈਂਕ, ਧਾਰਮਿਕ ਸਥਾਨਾਂ ਨੂੰ ਲਗਾਤਾਰ ਸੈਨੇਟਾਇਜ ਕਰਵਾਇਆ ਜਾ ਰਿਹਾ ਹੈ। ਕਣਕ ਦੇ ਸੀਜ਼ਨ ਦੌਰਾਨ ਇੱਥੋਂ ਦੇ ਆੜ੍ਹਤੀਆਂ, ਲੇਬਰ ਅਤੇ ਕਿਸਾਨਾਂ ਦੀ ਸੁਰੱਖਿਆ ਲਈ ਨਗਰ ਕੌਂਸਲ ਫਿਰੋਜ਼ਪੁਰ ਵੱਲੋਂ ਦਾਣਾ ਮੰਡੀਆਂ ਨੂੰ ਵੀ ਸੈਨੀਟਾਇਜ਼ ਕਰਵਾਇਆ ਗਿਆ ਹੈ।

ਇਸ ਤੋਂ ਇਲਾਵਾ ਨਗਰ ਕੌਂਸਲ ਵੱਲੋਂ ਇਸ਼ਤਿਹਾਰ, ਫਲੈਕਸ ਬੈਨਰ, ਮੁਨਾਦੀ ਰਾਹੀ ਸ਼ਹਿਰ ਵਾਸੀਆਂ ਨੂੰ ਸਰਕਾਰ ਦੀਆ ਹਦਾਇਤਾਂ ਦੀ ਪਾਲਨਾ ਲਈ ਜਾਗਰੂਕ ਕਰਵਾਇਆ ਜਾ ਰਿਹਾ ਹੈ, ਇਸ ਲਈ ਨਗਰ ਕੌਂਸਲ,ਫਿਰੋਜ਼ਪੁਰ ਵੱਲੋਂ ਆਪਣੇ 6 ਮੋਟੀਵੇਟਰ ਦੀ ਟੀਮ ਬਣਾਈ ਗਈ ਹੈ ਜੋ ਲਗਾਤਾਰ ਲੋਕਾਂ ਨੂੰ ਜਾਗਰੂਕ ਕਰ ਰਹੀ ਹੈ। ਇਸ ਜਾਗਰੂਕਤਾ ਅਭਿਆਨ ਵਿੱਚ ਪਹਿਲ ਕਦਮੀ ਕਰਦੇ ਹੋਏ ਨਗਰ ਕੌਂਸਲ ਵੱਲੋਂ ਫਿਰੋਜ਼ਪੁਰ ਦੀਆ ਮੇਨ ਸੜਕਾਂ ਤੇ ਘਰ ਰਹਿਣ, ਸੋਸ਼ਲ ਡਿਸਟੇਂਸ ਰੱਖਣ, ਮਾਸਕ ਦੀ ਵਰਤੋ ਕਰਨ ਆਦਿ ਸਬੰਧੀ ਇੱਕ ਵੱਖਰੇ ਰੂਪ ਦੀ ਪੇਂਟਿੰਗ ਕਰਵਾਈ ਜਾ ਰਹੀ ਹੈ ਤਾਂ ਜੋ ਲੋਕ ਜਾਗਰੂਕ ਹੋ ਸਕਣ। ਕਾਰਜਸਾਧਕ ਅਫਸਰ ਪਰਮਿੰਦਰ ਸਿੰਘ ਨੇ ਦੱਸਿਆ ਕਿ ਨਗਰ ਕੌਂਸਲ ਨੇ ਫਿਰੋਜ਼ਪੁਰ ਸ਼ਹਿਰ ਦੇ ਵਾਸੀਆਂ ਦੀ ਸਹੂਲਤ ਲਈ ਮੋਬਾਈਲ ਨੰਬਰ ਵੀ ਜਾਰੀ ਕੀਤੇ ਹਨ ਤਾਂ ਜੋ ਕਿਸੇ ਸਮੇਂ ਵੀ ਸਫ਼ਾਈ/ਗਾਰਬੇਜ਼ ਦੀ ਕਲੈਕਸ਼ਨ ਅਤੇ ਸੈਨੇਟਾਇਜ ਲਈ ਲੋਕਾਂ ਨੂੰ ਮੁਸ਼ਕਿਲ ਨਾ ਆਵੇ। ਉਨ੍ਹਾਂ ਦੱਸਿਆ ਸ਼ਹਿਰ ਦੀ ਸਫ਼ਾਈ ਲਈ ਅਤੇ ਕਚਰੇ ਦੀ ਕਲੈਕਸ਼ਨ ਲਈ 81980-54142 ਅਤੇ ਸੈਨੇਟਾਇਜ ਲਈ 94652-50208 ਤੇ ਸੰਪਰਕ ਜਾ ਵਟਸਐਪ ਕੀਤਾ ਜਾ ਸਕਦਾ ਹੈ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ

ਪ੍ਰੈਸ ਨੋਟ 4

ਪ੍ਰਸ਼ਾਸਨ ਨੇ ਪਿੰਡ ਵਾੜਾ ਭਾਈ ਕਾ ਵਿੱਚ ਵੰਡਿਆ ਰਾਸ਼ਨ ਅਤੇ ਲੰਗਰ ਦੇ ਪੈਕਟ, ਘਰ-ਘਰ ਪਹੁੰਚਾਈ ਸਮੱਗਰੀ

ਸੀਲਿੰਗ ਦੀ ਵਜ੍ਹਾ ਕਰਕੇ ਪਿੰਡ ਦੇ ਲੋਕਾਂ ਨੂੰ ਰਾਸ਼ਨ, ਸਬਜ਼ੀਆਂ ਅਤੇ ਦੁੱਧ-ਦਹੀ ਪ੍ਰਾਪਤ ਕਰਨ ਵਿੱਚ ਕੋਈ ਦਿੱਕਤ ਨਾ ਆਵੇ ਇਸ ਲਈ ਕੀਤੇ ਵਿਸ਼ੇਸ਼ ਯਤਨ

ਫਿਰੋਜ਼ਪੁਰ 23 ਮਾਰਚ 2020 ( )

ਕੋਰੋਨਾ ਪਾਜੀਟਿਵ ਮਰੀਜ਼ ਮਿਲਣ ਦੇ ਬਾਅਦ ਸੀਲ ਕੀਤੇ ਗਏ ਪਿੰਡ ਵਾੜਾ ਭਾਈ ਕਾ ਵਿੱਚ ਲੋਕਾਂ ਤੱਕ ਰੋਜ਼ਮਰ੍ਹਾ ਦੀਆਂ ਵਸਤੂਆਂ ਦੀ ਅਪੂਰਤੀ ਸੁਨਿਸ਼ਚਿਤ ਕਰਨ ਦੇ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵਿਸ਼ੇਸ਼ ਮੁਹਿੰਮ ਚਲਾਈ ਗਈ, ਜਿਸ ਦੇ ਤਹਿਤ ਪਿੰਡ ਵਿੱਚ ਲੋਕਾਂ ਤੱਕ ਰਾਸ਼ਨ ਅਤੇ ਫੂਡ ਦੇ ਪੈਕਟ ਪਹੁੰਚ ਗਏ। ਜ਼ਰੂਰਤਮੰਦ ਲੋਕਾਂ ਦੇ ਘਰ-ਘਰ ਜਾ ਕੇ ਇਹ ਪੈਕਟ ਵੰਡੇ ਗਏ। ਇਸ ਦੇ ਇਲਾਵਾ ਪਿੰਡ ਵਿੱਚ ਫਲ-ਸਬਜ਼ੀਆਂ, ਦੁੱਧ-ਦਹੀ ਅਤੇ ਹੋਰ ਜ਼ਰੂਰੀ ਵਸਤੂਆਂ ਦੀ ਅਪੂਰਤੀ ਸੁਨਿਸ਼ਚਿਤ ਕਰਨ ਦੇ ਲਈ ਵੱਖ-ਵੱਖ ਅਧਿਕਾਰੀਆਂ ਦੀਆਂ ਡਿਊਟੀਆਂ ਵੀ ਲਗਾਈਆਂ ਗਈਆਂ ਹਨ।

ਵਿਸਥਾਰ ਸਹਿਤ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਸ੍ਰ. ਕੁਲਵੰਤ ਸਿੰਘ ਨੇ ਦੱਸਿਆ ਕਿ ਪਿੰਡ ਵਾੜਾ ਭਾਈ ਕਾ ਵਿੱਚ ਲੋਕਾਂ ਦੀ ਜ਼ਰੂਰਤਾਂ ਨੂੰ ਪੂਰਾ ਕਰਨ ਦੇ ਲਈ ਵਿਸ਼ੇਸ਼ ਯਤਨ ਕੀਤੇ ਜਾ ਰਹੇ ਹਨ। ਇੱਥੇ ਨਾਇਬ ਤਹਿਸੀਲਦਾਰ ਯਾਦਵਿੰਦਰ ਸਿੰਘ ਦੀ ਅਗਵਾਈ ਵਿੱਚ ਇੱਕ ਸਪੈਸ਼ਲ ਟੀਮ ਜ਼ਰੂਰੀ ਵਸਤੂਆਂ ਦੀ ਸਪਲਾਈ ਸੁਨਿਸ਼ਚਿਤ ਕਰ ਰਹੀ ਹੈ ਅਤੇ ਇਸ ਦੇ ਇਲਾਵਾ ਲੋਕਾਂ ਤੱਕ ਰਾਸ਼ਨ ਦੇ ਪੈਕਟ ਪਹੁੰਚਾਏ ਜਾ ਰਹੇ ਹਨ। ਇਨ੍ਹਾਂ ਪੈਕਟਾਂ ਵਿੱਚ ਖਾਣਾ ਬਣਾਉਣ ਦੇ ਲਈ ਇਸਤੇਮਾਲ ਹੋਣ ਵਾਲੀਆਂ ਸਾਰੀਆਂ ਵਸਤੂਆਂ ਸ਼ਾਮਲ ਹਨ। ਇਸੇ ਤਰ੍ਹਾਂ ਰੋਜ਼ ਸਵੇਰੇ ਤਿਆਰ ਖਾਣੇ ਦੇ ਪੈਕੇਟ ਵੀ ਇਸ ਪਿੰਡ ਵਿੱਚ ਵੰਡੇ ਗਏ ਹਨ। ਉਨ੍ਹਾਂ ਨੇ ਕਿਹਾ ਕਿ ਇਹ ਪਿੰਡ ਪੂਰੀ ਤਰ੍ਹਾਂ ਸੀਲ ਹੈ, ਇਸ ਲਈ ਲੋਕਾਂ ਨੂੰ ਜ਼ਰੂਰੀ ਵਸਤੂਆਂ ਪ੍ਰਾਪਤ ਕਰਨ ਵਿੱਚ ਕੋਈ ਸਮੱਸਿਆ ਨਾ ਆਵੇ, ਇਸ ਲਈ ਇਹ ਕਦਮ ਉਠਾਏ ਗਏ ਹਨ।

ਨਾਇਬ ਤਹਿਸੀਲਦਾਰ ਯਾਦਵਿੰਦਰ ਸਿੰਘ ਨੇ ਦੱਸਿਆ ਕਿ ਪ੍ਰਸ਼ਾਸਨ ਵੱਲੋਂ ਪਿੰਡ ਦੇ ਬਾਹਰ 24 ਘੰਟੇ ਸਥਿਤੀ ਦੀ ਨਿਗਰਾਨੀ ਦੇ ਲਈ ਇੱਕ ਅਸਥਾਈ ਦਫ਼ਤਰ ਵੀ ਸਥਾਪਿਤ ਕੀਤਾ ਗਿਆ ਹੈ। ਪਿੰਡ ਵਿੱਚ ਕਿਸੇ ਘਰ ਨੂੰ ਜੇਕਰ ਕਿਸੇ ਚੀਜ਼ ਦੀ ਜ਼ਰੂਰਤ ਹੁੰਦੀ ਹੈ ਤਾਂ ਤਤਕਾਲ ਸਬੰਧਿਤ ਵਸਤੂਆਂ ਜ਼ਰੂਰਤਮੰਦ ਵਿਅਕਤੀ ਦੇ ਘਰ ਤੱਕ ਪਹੁੰਚਾਈਆਂ ਜਾਂਦੀਆਂ ਹਨ। ਇੱਥੇ ਨਾਇਬ ਤਹਿਸੀਲਦਾਰ ਤਲਵੰਡੀ ਭਾਈ ਯਾਦਵਿੰਦਰ ਸਿੰਘ, ਕਾਨੂੰਗੋ ਜੋਗਿੰਦਰ ਸਿੰਘ, ਪਟਵਾਰੀ ਸੁਖਵੰਤ ਸਿੰਘ, ਪਟਵਾਰੀ ਗੁਰਮੇਜ ਸਿੰਘ, ਜਗਨੰਦਨ ਸਿੰਘ ਅਤੇ ਰੀਡਰ ਮਨੋਹਰ ਲਾਲ ਦੀ ਟੀਮ ਲਗਾਤਾਰ ਡਿਊਟੀ ਤੇ ਤੈਨਾਤ ਹੈ।

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ

ਪ੍ਰੈਸ ਨੋਟ 5

ਕਣਕ ਦੀ ਖਰੀਦ ਪ੍ਰਕ੍ਰਿਆ ਨੂੰ ਲੈ ਕੇ ਐਮਡੀ ਪਨਸਪ ਨੇ ਜ਼ਿਲ੍ਹੇ ਦੀਆਂ ਮੰਡੀਆ ਦਾ ਕੀਤਾ ਦੌਰਾ

ਕੋਰੋਨਾ ਵਾਇਰਸ ਨੂੰ ਲੈ ਕੇ ਸਰਕਾਰ ਵੱਲੋਂ ਮੰਡੀਆਂ ਵਿਚ ਸਾਰੇ ਪੁਖਤਾ ਪ੍ਰਬੰਧ ਕੀਤੇ ਗਏ

ਕਿਸਾਨਾਂ, ਆੜਤੀਆਂ ਨੂੰ ਮੰਡੀਆਂ ਵਿਚ ਵਿਚ ਭੀੜ ਨਾ ਕਰਨ ਅਤੇ ਸੋਸ਼ਲ ਡਿਸਟੈਂਸਿੰਗ ਨੂੰ ਯਕੀਨੀ ਬਣਾ ਕੇ ਰੱਖਣ ਦੀ ਕੀਤੀ ਅਪੀਲ

ਜ਼ਿਲ੍ਹੇ ਦੀਆਂ ਮੰਡੀਆਂ ਵਿਚ ਹੁੱਣ ਤੱਕ 159779 ਮੀਟਿੰਕ ਕਣਕ ਦੀ ਆਮਦ ਅਤੇ 148492 ਮੀਟਿੰਕ ਟਨ ਕਣਕ ਦੀ ਹੋਈ ਖਰੀਦ- ਡਿਪਟੀ ਕਮਿਸ਼ਨਰ

ਫਿਰੋਜ਼ਪੁਰ 23 ਅਪ੍ਰੈਲ 2020 ( ) ਐਮਡੀ ਪਨਸਪ ਸ਼੍ਰੀ ਰਾਮਬੀਰ ਨੇ ਜ਼ਿਲਾ ਫਿਰੋਜ਼ਪੁਰ ਦੀਆਂ ਵੱਖ ਵੱਖ ਮੰਡੀਆਂ ਦਾ ਦੌਰਾ ਕਰ ਕੇ ਕਣਕ ਦੀ ਖਰੀਦ ਪ੍ਰਕ੍ਰਿਆ ਦਾ ਜਾਇਜਾ ਲਿਆ ਅਤੇ ਮੰਡੀਆਂ ਵਿਚ ਕਿਸਾਨਾਂ ਦੀਆਂ ਕਣਕ ਦੀਆਂ ਢੇਰੀਆਂ ਕੋਲ ਜਾ ਕੇ ਕਿਸਾਨਾਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਤੋਂ ਕਣਕ ਦੇ ਖਰੀਦ ਪ੍ਰਬੰਧਾ ਬਾਰੇ ਪੁੱਛਿਆ। ਇਸ ਮੌਕੇ ਉਨ੍ਹਾਂ ਨਾਲ ਡਿਪਟੀ ਕਮਿਸ਼ਨਰ ਸ੍ਰ; ਕੁਲਵੰਤ ਸਿੰਘ ਵੀ ਹਾਜ਼ਰ ਸਨ।

ਐਮਡੀ ਪਨਸਪ ਸ਼੍ਰੀ ਰਾਮਬੀਰ ਨੇ ਕਿਹਾ ਕੋਰੋਨਾ ਵਾਇਰਸ ਦੇ ਮੱਦੇਨਜ਼ਰ ਸਰਕਾਰ ਵੱਲੋਂ ਸੁਰੱਖਿਆ ਨੂੰ ਲੈ ਕੇ ਮੰਡੀਆਂ ਵਿਚ ਪੂਰੇ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਲੋਕਾਂ ਦੇ ਜੀਵਨ ਦੀ ਸੁਰੱਖਿਆਂ ਨੂੰ ਧਿਆਨ ਵਿਚ ਰੱਖ ਕੇ ਹੀ ਕਣਦ ਦੀ ਖਰੀਦ ਦੀ ਪ੍ਰਕ੍ਰਿਆ ਕੀਤੀ ਜਾ ਰਹੀ ਹੈ। ਇਸ ਦੌਰਾਨ ਉਨ੍ਹਾਂ ਮੰਡੀਆਂ ਵਿਚ ਭੀੜ ਨਾ ਕਰਨ ਅਤੇ ਸੋਸ਼ਲ ਡਿਸਟੈਂਸਿਗ ਨੂੰ ਯਕੀਨੀ ਬਣਾਉਣ ਲਈ ਅਧਿਕਾਰੀਆਂ ਨੂੰ ਨਿਰਦੇਸ਼ ਵੀ ਦਿੱਤੇ। ਉਨ੍ਹਾਂ ਮੰਡੀਆਂ ਨੂੰ ਸੈਨੇਟਾਈਜ਼ ਕਰਨ ਅਤੇ ਲੇਬਰ ਤੇ ਕਿਸਾਨਾਂ ਨੂੰ ਮਾਸਕ ਪਹਿਨਣਾ ਲਾਜ਼ਮੀ ਕਰਨ ਲਈ ਵੀ ਕਿਹਾ। ਸ਼੍ਰੀ ਰਾਮਬੀਰ ਨੇ ਮੰਡੀਆਂ ਵਿਚ ਪਈ ਕਣਕ ਦੀ ਨਮੀ ਦੀ ਮਾਤਰਾ ਚੈੱਕ ਕਰਦਿਆਂ ਖਰੀਦ ਏਜੰਸੀਆਂ ਨੂੰ ਲਿਫਟਿੰਗ ਦੇ ਕੰਮ ਵਿਚ ਤੇਜ਼ੀ ਲਿਆਉਣ ਦੇ ਆਦੇਸ਼ ਦਿੱਤੇ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਸਾਰੇ ਪ੍ਰਬੰਧ ਵਧੀਆ ਕੀਤੇ ਗਏ ਹਨ ਅਤੇ ਕਿਸਾਨਾਂ ਨੂੰ ਕਿਸੇ ਤਰ੍ਹਾਂ ਦੀ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਸਾਨਾਂ, ਆੜਤੀਆਂ, ਲੇਬਰ ਤੇ ਹੋਰ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਵੀ ਸਰਕਾਰ ਤੇ ਸਿਹਤ ਵਿਭਾਗ ਵੱਲੋਂ ਜਾਰੀ ਸਾਵਧਾਨੀਆਂ ਦੀ ਪਾਲਨਾ ਕਰਨ ਤਾਂ ਜੋ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਿਆ ਜਾ ਸਕੇ।

ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰ; ਕੁਲਵੰਤ ਸਿੰਘ ਨੇ ਦੱਸਿਆ ਕਿ ਕਿਸਾਨਾਂ ਨੂੰ ਅਦਾਇਗੀ ਵੀ ਜਲਦ ਹੀ ਕੀਤੀ ਜਾਵੇਗੀ ਤੇ ਕਿਸੇ ਤਰ੍ਹਾਂ ਦੀ ਕੋਈ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਬੀਤੇ ਦਿਨਾਂ ਤੋਂ ਲਿਫਟਿੰਗ ਦੇ ਕੰਮ ਵਿਚ ਵੀ ਤੇਜੀ ਲਿਆਂਦੀ ਗਈ ਹੈ ਅਤੇ ਜਿਵੇਂ ਆਮਦ ਜਿਆਦਾ ਹੋਵੇਗੀ ਨਾਲੋ-ਨਾਲ ਲਿਫਟਿੰਗ ਵੀ ਕਰਵਾਈ ਜਾਵੇਗੀ। ਉਨ੍ਹਾਂ ਦੱਸਿਆ ਕਿ ਹੁਣ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿਚ 159779 ਮੀਟ੍ਰਿਕ ਟਨ ਕਣਕ ਦੀ ਆਮਦ ਹੋਈ ਹੈ ਅਤੇ 148492 ਮੀਟ੍ਰਿਕ ਟਨ ਕਣਕ ਦੀ ਖ਼ਰੀਦ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਪਨਗ੍ਰੇਨ ਵੱਲੋਂ 51664 ਮੀਟ੍ਰਿਕ ਟਨ, ਮਾਰਕਫੈੱਡ ਵੱਲੋਂ 40719 ਮੀਟ੍ਰਿਕ ਟਨ, ਪਨਸਪ ਵੱਲੋਂ 28337 ਮੀਟ੍ਰਿਕ ਟਨ, ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਵੱਲੋਂ 23567 ਮੀਟ੍ਰਿਕ ਟਨ, ਐਫ. ਸੀ. ਆਈ ਵੱਲੋਂ 4085 ਮੀਟ੍ਰਿਕ ਟਨ ਅਤੇ ਵਪਾਰੀਆਂ ਵੱਲੋਂ 120 ਮੀਟਿੰਕ ਟਨ ਕਣਕ ਦੀ ਖ਼ਰੀਦ ਕੀਤੀ ਗਈ ਹੈ।

ਇਸ ਮੌਕੇ ਐਸਡੀਐਮ ਸ਼੍ਰੀ ਅਮਿੱਤ ਗੁਪਤਾ, ਡਿਪਟੀ ਡਾਇਰਕੈਟਰ (ਫੀਲਡ) ਖੁਰਾਕ ਤੇ ਸਿਵਲ ਸਪਲਾਈ ਮੰਗਲ ਦਾਸ, ਜ਼ਿਲ੍ਹਾ ਖੁਰਾਕ ਤੇ ਸਿਵਲ ਸਪਲਾਈ ਅਫਸਰ ਪਿੰਦਰ ਸਿੰਘ ਹਾਜ਼ਰ ਸਨ।